ਵੱਲ

ਨੋਟਿਸੀਜ਼

1. ਪੰਜਾਬ ਸਰਕਾਰ ਰਾਹੀਂ ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ,
ਪੰਜਾਬ ਸਰਕਾਰ, ਚੰਡੀਗੜ੍ਹ। pshe@punjab.gov.in
2. ਪੰਜਾਬ ਸਰਕਾਰ ਰਾਹੀਂ ਸਕੂਲ ਸਿੱਖਿਆ ਸਕੱਤਰ,
ਪੰਜਾਬ ਸਰਕਾਰ, ਮੋਹਾਲੀ। psse@**punjab**.gov.in
3. ਡਾਇਰੈਕਟਰ ਜਨਰਲ, ਸਕੂਲ ਸਿੱਖਿਆ,
ਪੰਜਾਬ ਸਰਕਾਰ, ਮੋਹਾਲੀ। **dgse@punjabeducation.gov.in**
4. ਡਾਇਰੈਕਟਰ, ਭਾਸ਼ਾ ਵਿਭਾਗ
ਪੰਜਾਬ, ਪਟਿਆਲਾ। pblanguages@hotmail.com
5. ਜ਼ਿਲ੍ਹਾ ਭਾਸ਼ਾ ਅਫ਼ਸਰ, ਪੰਜਾਬੀ ਭਵਨ,
ਲੁਧਿਆਣਾ।
6. ਜ਼ਿਲ੍ਹਾ ਸਿੱਖਿਆ ਅਫ਼ਸਰ, ਮਿਨੀ ਸਕੱਤਰੇਤ,
ਲੁਧਿਆਣਾ। deoseldh@gmail.com
piodeoseldh99@gmail.com

ਵਿਸ਼ਾ: ਦੀਵਾਨੀ ਜ਼ਾਬਤਾ 1908 ਦੀ ਧਾਰਾ 80 ਅਧੀਨ ਕਾਨੂੰਨੀ ਨੋਟਿਸ।

ਸ੍ਰੀ ਮਾਨ ਜੀ,

ਮੈਨੂੰ ਐਡਵੋਕੇਟ ਮਿੱਤਰ ਸੈਨ ਗੋਇਲ @ ਮਿੱਤਰ ਸੈਨ ਮੀਤ ਵਾਸੀ ਮਕਾਨ ਨੰ:297, ਉਪਕਾਰ ਨਗਰ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਆਪ ਸਾਰੇ ਨੋਟਿਸੀਜ਼ ਨੂੰ ਇਹ ਕਾਨੂੰਨੀ ਨੋਟਿਸ ਦੇਣ ਲਈ ਵਕੀਲ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਹਦਾਇਤ ਦੀ ਪਾਲਣਾ ਕਰਦੇ ਹੋਏ ਅਤੇ ਉਨ੍ਹਾਂ ਵੱਲੋਂ ਉਪਲਬਧ ਕਰਾਈ ਗਈ ਸੂਚਨਾ ਦੇ ਅਧਾਰ ਤੇ ਮੈਂ ਆਪ ਸਭ ਨੋਟਿਸੀਜ਼ ਨੂੰ ਹੇਠ ਲਿਖੇ ਅਨੁਸਾਰ ਇਹ ਕਾਨੂੰਨੀ ਨੋਟਿਸ ਦੇ ਰਿਹਾ ਹਾਂ:

1. ਪੰਜਾਬ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਲਈ 'ਪੰਜਾਬ ਰਾਜ ਭਾਸ਼ਾ ਐਕਟ 1967' ਬਣਾਇਆ ਹੋਇਆ ਹੈ। ਇਸ ਐਕਟ ਦੀ ਧਾਰਾ 3 ਰਾਹੀਂ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਦਾ ਦਰਜਾ ਦਿੱਤਾ ਗਿਆ ਹੈ। ਕਾਨੂੰਨ ਦੀ ਇਹ ਵਿਵਸਥਾ 1967 ਤੋਂ ਹੀ ਅਮਲ ਵਿਚ ਹੈ। ਇਸ ਕਾਨੂੰਨ ਵਿਚ ਸਾਲ 2008 ਵਿਚ ਪ੍ਰਮੁੱਖ ਸੋਧਾਂ ਹੋਈਆਂ। ਸਾਲ 2008 ਦੀ ਤਰਮੀਮ ਦੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਸਾਲ 2008 ਦੀ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ ਡਾਇਰੈਕਟਰ ਭਾਸ਼ਾ ਵਿਭਾਗ ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ ਪੰਜਾਬੀ ਵਿਚ ਹੁੰਦੇ ਕੰਮ-ਕਾਜ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਨਾਲ ਇਹ ਜ਼ਿੰਮੇਵਾਰੀ ਵੀ ਲਾਈ ਗਈ ਕਿ ਉਹ ਕਸੂਰਵਾਰ ਅਧਿਕਾਰੀਆਂ/ ਕਰਮਚਾਰੀਆਂ ਦੇ ਵਿਰੁੱਧ ਉਚਿਤ ਕਾਰਵਾਈ ਦੀ, ਸਬੰਧਤ ਸਮਰੱਥ ਅਥਾਰਟੀ ਨੂੰ, ਸਿਫ਼ਾਰਸ਼ ਵੀ ਕਰਨ। ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ ਉਨ੍ਹਾਂ ਕਰਮਚਾਰੀਆਂ/ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਜੋ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਦੀ ਉਲੰਘਣਾ ਕਰਨਗੇ ਅਤੇ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ।
2. ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਨੂੰ ਇੰਨ-ਬਿੰਨ ਲਾਗੂ ਕਰਾਉਣ ਲਈ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਤੇ ਨਵੇਂ ਹੁਕਮ ਵੀ ਜਾਰੀ ਕੀਤੇ ਜਾਂਦੇ ਹਨ। ਅਜਿਹਾ ਇੱਕ ਹੁਕਮ ਮਿਤੀ 05.09.2018 ਨੂੰ ਜਾਰੀ ਕੀਤਾ ਗਿਆ ਅਤੇ ਪੰਜਾਬ ਸਰਕਾਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮੁੜ ਹਦਾਇਤ ਕੀਤੀ ਗਈ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ'। ਨਾਲ ਹੀ ਪੰਜਾਬ ਸਰਕਾਰ ਵੱਲੋਂ ਇਹ ਹਦਾਇਤ ਵੀ ਕੀਤੀ ਗਈ ਕਿ 'ਪੰਜਾਬ ਸਰਕਾਰ ਦੇ ਹਰ ਵਿਭਾਗ ਦੀ ਵੈਬਸਾਈਟ ਤੇ ਉਪਲਬਧ ਸੂਚਨਾ ਪੰਜਾਬੀ ਵਿਚ ਵੀ ਉਪਲਬਧ ਕਰਵਾਈ ਜਾਵੇ'। ਪੰਜਾਬ ਸਰਕਾਰ ਵੱਲੋਂ ਮੁੜ ਆਪਣੇ ਹੁਕਮ ਮਿਤੀ 01.02.2019 ਅਤੇ 25.11.2019 ਰਾਹੀਂ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਨੂੰ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਨੂੰ ਇੰਨ-ਬਿੰਨ ਲਾਗੂ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ।

3. ਮੇਰੇ ਸਾਇਲ ਅਤੇ ਸ.ਹਰਬਖ਼ਸ਼ ਸਿੰਘ ਗਰੇਵਾਲ, ਸੁਖਿੰਦਰਪਾਲ ਸਿੰਘ ਸਿੱਧੂ ਅਤੇ ਉਨ੍ਹਾਂ ਦੇ ਕਈ ਮਿੱਤਰਾਂ ਨੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਵਿਕਾਸ ਲਈ ਬੀੜਾ ਚੁੱਕਿਆ ਹੋਇਆ ਹੈ। ਉਨ੍ਹਾਂ ਵੱਲੋਂ ਬਣਾਈ ਗਈ ਇੱਕ ਸੰਸਥਾ ਜਿਸ ਦਾ ਨਾਂ 'ਪੰਜਾਬੀ ਭਾਸ਼ਾ ਪਸਾਰ ਭਾਈਚਾਰਾ' ਹੈ, ਵੱਲੋਂ ਲਗਾਤਾਰ ਪੰਜਾਬ ਸਰਕਾਰ ਦੇ ਅਤੇ ਇਨ੍ਹਾਂ ਕਾਨੂੰਨੀ ਵਿਵਸਥਾਵਾਂ ਦੀਆਂ ਉਲੰਘਣਾ ਕਰਨ ਵਾਲੇ ਅਧਿਕਾਰੀਆਂ ਨਾਲ ਚਿੱਠੀ-ਪੱਤਰ ਕਰਕੇ, ਕੀਤੀਆਂ ਜਾ ਰਹੀਆਂ ਉਲੰਘਣਾਵਾਂ ਉਨ੍ਹਾਂ ਦੇ ਧਿਆਨ ਵਿਚ ਲਿਆ ਕੇ, ਉਨ੍ਹਾਂ ਨੂੰ ਉਨ੍ਹਾਂ ਦੇ ਦਫ਼ਤਰਾਂ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਯਕੀਨੀ ਬਣਾਉਣ ਦੀਆਂ ਬੇਨਤੀਆਂ ਕੀਤੀਆਂ ਜਾਂਦੀਆਂ ਹਨ।

ਪੰਜਾਬ ਦਾ ਵਸਨੀਕ ਹੋਣ ਕਾਰਨ ਉਸ ਨੂੰ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਦਾ ਕਾਨੂੰਨੀ ਹੱਕ ਮੇਰਾ ਸਾਇਲ ਆਪਣੇ ਉਸੇ ਕਾਨੂੰਨ ਅਧਿਕਾਰ ਦੀ ਵਰਤੋਂ ਕਰ ਰਿਹਾ ਹੈ।

4. ਹੁਣ ਮੇਰੇ ਸਾਇਲ ਦੇ ਧਿਆਨ ਵਿਚ ਆਇਆ ਹੈ ਕਿ:

(ੳ) ਸਕੱਤਰ, ਸਕੂਲ ਸਿੱਖਿਆ ਨੋਟਿਸੀ ਨੰ:2 ਵੱਲੋਂ ਹਰ ਸਾਲ ਹਜ਼ਾਰਾਂ ਦੀ ਗਿਣਤੀ ਵਿਚ ਪੰਜਾਬ ਸਰਕਾਰ ਦੇ ਸਕੂਲਾਂ ਵਿਚ ਪੜ੍ਹਾਈ ਕਰਾ ਰਹੇ ਅਧਿਆਪਕਾਂ ਨੂੰ, ਉਨ੍ਹਾਂ ਦੀ ਚੰਗੀ ਕਾਰਗੁਜ਼ਾਰੀ ਨੂੰ ਧਿਆਨ ਵਿਚ ਰੱਖਦੇ ਹੋਏ, ਪ੍ਰਸ਼ੰਸਾ ਪੱਤਰ ਦਿੱਤੇ ਜਾਂਦੇ ਹਨ। ਇੱਕ ਬਹੁਤ ਹੀ ਜ਼ਿੰਮੇਵਾਰੀ ਵਾਲੇ ਅਤੇ ਸਰਕਾਰ ਦੇ ਉੱਚੇ ਅਹੁੱਦੇ ਤੇ ਬਿਰਾਜਮਾਨ ਸਕੱਤਰ ਸਾਹਿਬ ਵੱਲੋਂ ਖੁਦ ਹੀ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਹੁਕਮਾਂ ਮਿਤੀ 05.09.2018, 01.02.2019 ਅਤੇ 25.11.2019 ਨੂੰ ਨਜਰਅੰਦਾਜ਼ ਕਰਕੇ, ਇਹ ਪ੍ਰਸ਼ੰਸਾ ਪੱਤਰ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਜਾਰੀ ਕੀਤੇ ਜਾਂਦੇ ਹਨ। ਦਸੰਬਰ 2020 ਵਿਚ ਅਜਿਹੇ ਕਰੀਬ 400 ਪ੍ਰਸ਼ੰਸਾ ਪੱਤਰ ਜ਼ਿਲ੍ਹਾ ਫ਼ਿਰੋਜ਼ਪੁਰ, ਮੋਗਾ ਅਤੇ ਫ਼ਤਿਹਗੜ੍ਹ ਸਾਹਿਬ ਦੇ ਅਧਿਆਪਕਾਂ ਨੂੰ ਜਾਰੀ ਕੀਤੇ ਗਏ ਹਨ। ਇਨ੍ਹਾਂ ਪ੍ਰਸ਼ੰਸਾ ਪੱਤਰਾਂ ਦੀਆਂ ਪੀ.ਡੀ.ਐਫ਼. ਫਾਈਲਾਂ, ਈ.ਮੇਲ ਰਾਹੀਂ ਭੇਜੇ ਜਾ ਰਹੇ ਇਸ ਨੋਟਿਸ ਨਾਲ ਨੱਥੀ ਕੀਤੀਆਂ ਜਾ ਰਹੀਆਂ ਹਨ। ਕੁਝ ਨਕਲਾਂ, ਡਾਕ ਰਾਹੀਂ ਭੇਜੇ ਜਾ ਰਹੇ ਨੋਟਿਸ ਨਾਲ, ਹਵਾਲੇ ਵਜੋਂ ਲਾਈਆਂ ਜਾ ਰਹੀਆਂ ਹਨ। ਇੰਝ ਤੁਸੀਂ ਨੋਟਿਸੀ ਨੰ:2 ਕਾਨੂੰਨ ਦੀਆਂ ਵਿਵਸਥਾਵਾਂ ਦੀ ਪਾਲਣਾ ਨਾ ਕਰਨ ਕਾਰਨ ਆਪਣੇ ਆਪ ਨੂੰ ਵਿਭਾਗੀ ਸਜ਼ਾਵਾਂ ਦੇ ਭਾਗੀਦਾਰ ਬਣਾ ਲਿਆ ਹੈ। ਇਸ ਲਈ ਤੁਹਾਨੂੰ ਇਹ ਨੋਟਿਸ ਦਿੱਤਾ ਜਾ ਰਿਹਾ ਹੈ।

(ਅ) ਪੰਜਾਬ ਸਕੂਲ ਸਿੱਖਿਆ ਵਿਭਾਗ ਦੀ ਵੈਬਸਾਈਟ ਦੇ ਮੈਨੂਜ਼, 'ਕੈਟਾਗਰੀਜ਼' ਅਤੇ 'ਪੋਸਟਜ਼' ਦੇ ਨਾਂ ਕੇਵਲ ਅੰਗਰੇਜ਼ੀ ਵਿਚ ਹਨ। ਇਨ੍ਹਾਂ ਮੈਨੂਜ਼ ਆਦਿ ਉੱਪਰ ਜੋ ਸੂਚਨਾ ਟਾਈਪ ਕਰਕੇ ਉਪਲਬਧ ਕਰਾਈ ਗਈ ਹੈ ਉਹ ਵੀ ਕੇਵਲ ਅੰਗਰੇਜ਼ੀ ਵਿਚ ਹੈ। ਇਸ ਤਰ੍ਹਾਂ ਨੋਟਿਸੀ ਨੰ:3 ਵੱਲੋਂ, ਪੰਜਾਬ ਸਕੂਲ ਸਿੱਖਿਆ ਵਿਭਾਗ ਦੀ ਵੈਬਸਾਈਟ ਉਪਲਬਧ ਕਰਵਾਈ ਗਈ ਬਹੁਤੀ ਸੂਚਨਾ ਕੇਵਲ ਅੰਗਰੇਜ਼ੀ ਵਿਚ ਹੋਣ, ਤੁਹਾਡੇ ਨੋਟਿਸੀ ਨੰ:3 ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਹੁਕਮਾਂ ਮਿਤੀ 05.09.2018, 01.02.2019 ਅਤੇ 25.11.2019 ਦੀ ਉਲੰਘਣਾ ਕਰਕੇ ਆਪਣੇ ਆਪ ਨੂੰ ਵਿਭਾਗੀ ਸਜ਼ਾਵਾਂ ਦਾ ਭਾਗੀਦਾਰ ਬਣਾ ਲਿਆ ਹੈ।

(ੲ) ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਵੀ ਆਪਣੇ-ਆਪਣੇ ਜ਼ਿਲ੍ਹੇ ਦੀ ਵੈਬਸਾਈਟ ਤਿਆਰ ਕੀਤੀ ਗਈ ਹੈ। ਇਨ੍ਹਾਂ ਵੈਬਸਾਈਟਾਂ ਉੱਪਰ ਵੀ ਉਪਲਬਧ ਕਰਵਾਈ ਗਈ ਬਹੁਤੀ ਸੂਚਨਾ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੈ। ਤੁਹਾਡੇ ਨੋਟਿਸੀ ਨੰ:6 ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਬਹੁਤੀ ਸੂਚਨਾ ਕੇਵਲ ਅੰਗਰੇਜ਼ੀ ਵਿਚ ਹੈ। ਇਸ ਤਰ੍ਹਾਂ ਤੁਸੀਂ ਨੋਟਿਸੀ ਨੰ:6 ਨੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਹੁਕਮਾਂ ਮਿਤੀ 05.09.2018, 01.02.2019 ਅਤੇ 25.11.2019 ਦੀ ਉਲੰਘਣਾ ਕਰਕੇ ਆਪਣੇ ਆਪ ਨੂੰ ਵਿਭਾਗੀ ਸਜ਼ਾਵਾਂ ਦਾ ਭਾਗੀਦਾਰ ਬਣਾ ਲਿਆ ਹੈ।

5. (ੳ) ਤੁਹਾਡੀ ਨੋਟਿਸੀ ਨੰ:4 ਦੀ ਜ਼ਿੰਮੇਵਾਰੀ ਹੈ ਕਿ ਤੁਸੀਂ ਪੰਜਾਬ ਸਰਕਾਰ ਦੇ ਦਫ਼ਤਰਾਂ ਅਤੇ ਅਦਾਰਿਆਂ ਵਿਚ ਹੁੰਦੇ ਦਫ਼ਤਰੀ ਕੰਮ-ਕਾਜ ਦੀ ਲਗਾਤਾਰ ਪੜਤਾਲ ਕਰੋ। ਕਸੂਰਵਾਰ ਪਾਏ ਜਾ ਰਹੇ ਅਧਿਕਾਰੀਆਂ ਵਿਰੁੱਧ, ਸਮਰੱਥ ਅਧਿਕਾਰੀਆਂ ਨੂੰ, ਵਿਭਾਗੀ ਕਾਰਵਾਈ ਦੀ ਸਿਫ਼ਾਰਸ਼ ਕਰੋ ਤਾਂ ਜੋ ਕਸੂਰਵਾਰ ਕਰਮਚਾਰੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣ ਤਾਂ ਜੋ ਮਿਲੀਆਂ ਸਜ਼ਾਵਾਂ ਤੋਂ ਸਬਕ ਸਿੱਖ ਕੇ ਅੱਗੇ ਤੋਂ ਕੋਈ ਸਰਕਾਰੀ ਮੁਲਾਜ਼ਮ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਨਾ ਕਰੇ। ਅਤੇ ਪੰਜਾਬ ਸਰਕਾਰ ਦੇ ਦਫ਼ਤਰਾਂ ਅਤੇ ਅਦਾਰਿਆਂ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਯਕੀਨੀ ਹੋ ਸਕੇ। ਤੁਹਾਡੇ ਨੋਟਿਸੀ ਨੰ:3 ਵੱਲੋਂ ਆਪਣੇ ਕਾਨੂੰਨੀ ਫ਼ਰਜ਼ਾਂ ਦੀ ਪਾਲਣਾ ਨਹੀਂ ਕੀਤੀ ਗਈ ਜਿਸ ਦੇ ਨਤੀਜੇ ਵਜੋਂ ਉਕਤ ਪੈਰ੍ਹਾ ਨੰ:4 ਵਿਚ ਦਰਜ ਸਰਕਾਰੀ ਅਧਿਕਾਰੀਆਂ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਹੁਕਮਾਂ ਦੀ ਘੋਰ ਉਲੰਘਣਾ ਕੀਤੀ ਗਈ ਹੈ। ਸਿੱਟੇ ਵਜੋਂ ਪੰਜਾਬ ਸਰਕਾਰ ਦੇ ਦਫ਼ਤਰਾਂ ਅਤੇ ਅਦਾਰਿਆਂ ਵਿਚ ਪੰਜਾਬੀ ਭਾਸ਼ਾ ਦੀ

ਵਰਤੋਂ ਯਕੀਨੀ ਨਹੀਂ ਬਣ ਰਹੀ। ਇੰਝ ਤੁਸੀਂ ਨੋਟਿਸੀ ਨੰ:3 ਨੇ ਵੀ ਆਪਣੇ ਆਪ ਨੂੰ ਵਿਭਾਗੀ ਸਜ਼ਾਵਾਂ ਦਾ ਭਾਗੀਦਾਰ ਬਣਾਂਇਆ ਹੈ।

(ਅ) ਤੁਹਾਡੀ ਨੋਟਿਸੀ ਨੰ:6 ਦੀ ਜ਼ਿੰਮੇਵਾਰੀ ਸੀ ਕਿ ਤੁਸੀਂ ਨੋਟਿਸੀ ਨੰ:5 ਦੀ ਵੈਬਸਾਈਟ ਦਾ ਨਿਰੀਖਣ ਕਰਦੇ। ਤੁਹਾਡੀ ਇਹ ਵੀ ਜ਼ਿੰਮੇਵਾਰੀ ਸੀ ਕਿ ਤੁਸੀਂ ਨੋਟਿਸੀ ਨੰ:5 ਦੀ ਵੈਬਸਾਈਟ ਉੱਪਰ ਕੇਵਲ ਅੰਗਰੇਜ਼ੀ ਵਿਚ ਉਪਲਬਧ ਕਰਵਾਈ ਗਈ ਸੂਚਨਾ ਨੂੰ ਪੰਜਾਬੀ ਵਿਚ ਕੀਤੇ ਜਾਣਾ ਯਕੀਨੀ ਬਣਾਉਂਦੇ। ਆਪਣੀ ਕਾਨੂੰਨੀ ਜ਼ਿੰਮੇਵਾਰੀ ਨਾ ਨਿਭਾਅ ਕੇ ਤੁਸੀਂ ਨੋਟਿਸੀ ਨੰ:6 ਨੇ ਵੀ ਆਪਣੇ ਆਪ ਨੂੰ ਵਿਭਾਗੀ ਸਜ਼ਾਵਾਂ ਦਾ ਭਾਗੀਦਾਰ ਬਣਾਇਆ ਹੈ।

6. ਤੁਹਾਨੂੰ ਨੋਟਿਸੀ ਨੰ:1 ਨੂੰ, ਨੋਟਿਸੀ ਨੰ:4 ਅਤੇ 5 ਦੇ ਪ੍ਰਸ਼ਾਸਨਿਕ ਉੱਚ ਅਧਿਕਾਰੀ ਵਜੋਂ ਅਤੇ ਤੁਹਾਨੂੰ ਨੋਟਿਸੀ ਨੰ:2 ਨੂੰ ਨੋਟਿਸੀ ਨੰ:3 ਅਤੇ 6 ਦੇ ਉੱਚ ਅਧਿਕਾਰੀ ਵਜੋਂ, ਅਤੇ 'ਸਰਕਾਰ' ਹੋਣ ਵਜੋਂ ਦੀਵਾਨੀ ਜ਼ਾਬਤੇ ਦੀ ਧਾਰਾ 80 ਦੀਆਂ ਹਦਾਇਤਾਂ ਅਨੁਸਾਰ ਇਹ ਨੋਟਿਸ ਦਿੱਤਾ ਜਾ ਰਿਹਾ ਹੈ।

7. **ਇਸ ਕਾਨੂੰਨੀ ਨੋਟਿਸ ਰਾਹੀਂ ਆਪ ਜੀ ਤੋਂ ਹੇਠ ਲਿਖੀ ਰਾਹਤ ਦੀ ਮੰਗ ਕੀਤੀ ਜਾ ਰਹੀ ਹੈ:**

(ੳ) ਪੰਜਾਬ ਸਰਕਾਰ ਦੇ ਦਫ਼ਤਰਾਂ ਅਤੇ ਅਦਾਰਿਆਂ ਵਿਚ ਹੁੰਦੇ ਸਾਰੇ ਦਫ਼ਤਰੀ ਕੰਮ-ਕਾਜ ਅਤੇ ਚਿੱਠੀ-ਪੱਤਰ ਨੂੰ ਕੇਵਲ ਪੰਜਾਬੀ ਵਿਚ (ਬਹੁਤ ਜ਼ਰੂਰੀ ਹੋਣ ਤੇ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ) ਕੀਤੇ ਜਾਣ ਨੂੰ ਯਕੀਨੀ ਬਣਾਇਆ ਜਾਵੇ।

(ਅ) ਸਕੂਲ ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੀਆਂ ਵੈਬਸਾਈਟਾਂ ਤੇ ਕੇਵਲ ਅੰਗਰੇਜ਼ੀ ਵਿਚ ਉਪਲਬਧ ਕਰਵਾਈ ਗਈ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਉਪਲਬਧ ਕਰਵਾਉਣੀ ਯਕੀਨੀ ਬਣਾਈ ਜਾਵੇ।

(ੲ) ਭਾਸ਼ਾ ਵਿਭਾਗ ਦੇ ਡਾਇਰੈਕਟਰ ਅਤੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਸਮੇਂ-ਸਮੇਂ ਸਿਰ ਪੰਜਾਬ ਸਰਕਾਰ ਦੇ ਦਫ਼ਤਰਾਂ ਅਤੇ ਅਦਾਰਿਆਂ ਦੇ ਕੰਮ-ਕਾਜ ਦੀ ਪੜਤਾਲ ਕਰਨ। ਜੋ ਅਧਿਕਾਰੀ/ਕਰਮਚਾਰੀ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਰਦੇ ਹਨ ਉਨ੍ਹਾਂ ਵਿਰੁੱਧ ਵਿਭਾਗੀ ਸਜ਼ਾਵਾਂ ਲਈ ਸਮਰੱਥ ਅਧਿਕਾਰੀ ਨੂੰ ਸਿਫ਼ਾਰਸ਼ ਕਰਨ।

(ਸ) ਨੋਟਿਸੀ ਨੰ:2 ਤੋਂ 4 ਵੱਲੋਂ ਉਕਤ ਪੈਰ੍ਹਿਆਂ ਵਿਚ ਦਰਜ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਾਰਨ, ਉਨ੍ਹਾਂ ਨੂੰ ਬਣਦੀਆਂ ਵਿਭਾਗੀ ਸਜ਼ਾਵਾਂ ਦਿੱਤੀਆਂ ਜਾਣ।

(ਹ) ਨੋਟਿਸੀ ਨੰ:2 ਵੱਲੋਂ ਅੱਗੋਂ ਤੋਂ ਆਪਣਾ ਸਾਰਾ ਦਫ਼ਤਰੀ ਕੰਮ-ਕਾਜ ਕੇਵਲ ਪੰਜਾਬੀ ਵਿਚ ਕੀਤਾ ਜਾਵੇ।

8. ਦੀਵਾਨੀ ਜ਼ਾਬਤੇ ਦੀ ਧਾਰਾ 80 ਦੀਆਂ ਵਿਵਸਥਾਵਾਂ ਦੀ ਪਾਲਣਾ ਕਰਦੇ ਹੋਏ, ਇਸ ਕਾਨੂੰਨੀ ਨੋਟਿਸ ਰਾਹੀਂ ਆਪ ਨੋਟਿਸੀਜ਼ ਨੂੰ ਲਿਖਿਆ ਜਾਂਦਾ ਹੈ ਕਿ ਕਾਨੂੰਨ ਵੱਲੋਂ ਨਿਰਧਾਰਤ 60 ਦਿਨਾਂ ਦੇ ਅੰਦਰ-ਅੰਦਰ ਆਪ ਨੋਟਿਸੀਜ਼ ਉਕਤ ਪੈਰ੍ਹਾ ਨੰ:7 ਵਿਚ ਮੰਗੀ ਰਾਹਤ ਮੇਰੇ ਸਾਇਲ ਨੂੰ ਉਪਲਬਧ ਕਰਵਾਓ।

9. ਪੈਰ੍ਹਾ ਨੰ:7 ਵਿਚ ਮੰਗੀ ਰਾਹਤ ਨਾ ਮਿਲਣ ਤੇ, ਕਾਨੂੰਨ ਦੁਆਰਾ ਨਿਸ਼ਚਿਤ ਸਮੇਂ ਦੇ ਲੰਘ ਜਾਣ ਬਾਅਦ ਮੇਰਾ ਸਾਇਲ ਆਪ ਸਾਰੇ ਨੋਟਿਸੀਜ਼ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਲਈ ਮਜਬੂਰ ਹੋਵੇਗਾ। ਇਸ ਦੀ ਜ਼ਿੰਮੇਵਾਰੀ ਸਬੰਧਤ ਅਧਿਕਾਰੀਆਂ ਦੀ ਹੋਵੇਗੀ।

ਇਸ ਕਾਨੂੰਨੀ ਨੋਟਿਸ ਦੀ ਕਾਪੀ ਰਿਕਾਰਡ ਵਿਚ ਰੱਖੀ ਜਾਂਦੀ ਹੈ।

(ਹਰੀਸ਼ ਰਾਏ ਢਾਂਡਾ)
ਐਡਵੋਕੇਟ